ਨੰ: 9/36/2014-ਰਸ1/ 942

ਪੰਜਾਬ ਸਰਕਾਰ

ਭਲਾਈ ਵਿਭਾਗ

(ਰਿਜ਼ਰਵੇਸ਼ਨ ਸੈੱਲ)

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਰਾਜ ਦੀਆਂ ਸਮੂਹ ਡਵੀਜ਼ਨਾ ਦੇ ਕਮਿਸ਼ਨਰ,
ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ,
ਰਾਜ ਦੇ ਸਮੂਹ ਉਪ ਮੰਡਲ ਮੰਡਲ ਮੈਜਿਸਟਰੇਟ।

ਮਿਤੀ, ਚੰਡੀਗੜ੍ਹ: 16-9-14

ਵਿਸ਼ਾ:- ਸਮਾਂ ਸੀਮਾਂ ਤੋਂ ਬਾਹਰ ਸੇਵਾਵਾਂ ਦਾ ਨਿਪਟਾਰਾ ਕਰਨ ਸਬੰਧੀ।

******

ਸ਼੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਭਲਾਈ ਵਿਭਾਗ ਦੇ ਪੱਤਰ ਨੰ: 9/36/2014-ਰਸ1/573, ਮਿਤੀ 19-6-2014 ਵੱਲ ਦਿਵਾਉਣ ਅਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਹਵਾਲੇ ਅਧੀਨ ਪੱਤਰ ਰਾਹੀਂ ਪੰਜਾਬ ਸੇਵਾ ਅਧਿਕਾਰ ਕਮਿਸ਼ਨ ਦੇ ਪੱਤਰ ਮਿਤੀ 28-4-2014 ਦੀ ਕਾਪੀ ਭੇਜ ਕੇ ਲਿਖਿਆ ਗਿਆ ਸੀ ਕਿ ਪੰਜਾਬ ਸੇਵਾ ਅਧਿਕਾਰ ਕਮਿਸ਼ਨ ਵਲੋਂ ਤੈਅ ਕੀਤੀ ਸਮੇਂ ਸੀਮਾਂ ਦੇ ਅੰਦਰ ਜਾਤੀ ਸਰਟੀਫਿਕੇਟ (ਅਨੁਸੂਚਿਤ ਜਾਤੀ/ ਬੀ.ਸੀ./ ਓ.ਬੀ.ਸੀ.) ਜਾਰੀ ਕੀਤੇ ਜਾਣ ਨੂੰ ਯਕੀਨੀ ਬਣਾਇਆ ਜਾਵੇ ਅਤੇ ਜੇਕਰ ਸਮੇਂ ਸਿਰ ਜਾਤੀ ਸਰਟੀਫਿਕੇਟ ਜਾਰੀ ਨਾਂ ਕਰਨ ਕਾਰਨ ਪੰਜਾਬ ਸੇਵਾ ਅਧਿਕਾਰ ਕਮਿਸ਼ਨ ਵਲੋਂ ਕੋਈ ਨੋਟਿਸ ਲਿਆ ਜਾਂਦਾ ਹੈ ਜਾਂ ਫਿਰ ਜੁਰਮਾਨਾ ਆਦਿ ਕੀਤਾ ਜਾਂਦਾ ਹੈ ਤਾਂ ਉਸ ਦੀ ਨਿਰੋਲ ਜਿੰਮੇਵਾਰੀ ਜਾਤੀ ਸਰਟੀਫਿਕੇਟ ਜਾਰੀ ਕਰਨ ਵਿੱਚ ਦੇਰੀ ਕਰਨ ਵਾਲੇ ਅਧਿਕਾਰੀ/ ਕਰਮਚਾਰੀ ਦੀ ਨਿੱਜੀ ਹੋਵੇਗੀ।

2. ਪਰ ਹੁਣ ਪੰਜਾਬ ਸੇਵਾ ਅਧਿਕਾਰ ਕਮਿਸ਼ਨ ਵਲੋਂ ਆਪਣੇ ਪੱਤਰ ਮਿਤੀ 22 ਅਗਸਤ 2014 ਰਾਹੀਂ ਮੁੜਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਜੁਲਾਈ 2014 ਦੀ ਐਮ.ਆਈ.ਐਸ. ਰਿਪੋਰਟ ਅਨੁਸਾਰ ਜਾਤੀ ਸਰਟੀਫਿਕੇਟ ਜਾਰੀ ਕਰਨ ਸਬੰਧੀ ਸਮਾਂ ਸੀਮਾਂ ਤੋਂ ਬਾਹਰ

ਲੰਬਿਤ ਦਰਖਾਸਤਾਂ ਦੀ ਗਿਣਤੀ 213 ਹੈ। ਜਿਸ ਨੂੰ ਪੰਜਾਬ ਸੇਵਾ ਅਧਿਕਾਰ ਕਮਿਸ਼ਨ ਵਲੋਂ ਗੰਭੀਰਤਾ ਨਾਲ ਲਿਆ ਗਿਆ ਹੈ।

3. ਇਸ ਲਈ ਆਪ ਨੂੰ ਇਸ ਪੱਤਰ ਦੁਆਰਾ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਸਾਰੇ ਅਧਿਕਾਰੀਆਂ/ ਕਰਮਚਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ ਜਾਣ ਕਿ ਅੱਗੇ ਤੋਂ ਜਾਤੀ ਸਰਟੀਫਿਕੇਟ (ਅਨੁਸੂਚਿਤ ਜਾਤੀ/ ਬੀ.ਸੀ./ ਓ.ਬੀ.ਸੀ.) ਪੰਜਾਬ ਸੇਵਾ ਅਧਿਕਾਰ ਕਮਿਸ਼ਨ ਵਲੋਂ ਤੈਅ ਸਮੇਂ ਸੀਮਾਂ ਦੇ ਅੰਦਰ ਜਾਰੀ ਕੀਤੇ ਜਾਣ ਨੂੰ ਯਕੀਨੀ ਬਣਾਇਆ ਜਾਵੇ।

ਇਨ੍ਹਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਸੁਪਰਡੰਟ

ਪਿੱਠ ਅੰਕਣ ਨੰ:9/36/2014-ਰਸ1/ 943 ਮਿਤੀ, ਚੰਡੀਗੜ੍ਹ: 16-9-14

ਉਪਰੋਕਤ ਦਾ ਇਕ ਉਤਾਰਾ ਡਾਇਰੈਕਟਰ, ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਭਲਾਈ ਵਿਭਾਗ ਨੂੰ ਸਰਕਾਰ ਵਲੋਂ ਜਾਰੀ ਪੱਤਰ ਮਿਤੀ 19-6-2014 ਦੇ ਹਵਾਲੇ ਵਿੱਚ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਪਿੱਠ ਅੰਕਣ ਨੰ: 9/36/2014-ਰਸ1/ 944 ਮਿਤੀ, ਚੰਡੀਗੜ੍ਹ: 16-9-14

ਉਪਰੋਕਤ ਦਾ ਇਕ ਉਤਾਰਾ ਸਕੱਤਰ, ਪੰਜਾਬ ਸੇਵਾ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਪੱਤਰ ਨੰ: ਪੀ.ਆਰ.ਐਸ.ਸੀ./ਐਮ.ਆਈ.ਐਸ./2014/2110, ਮਿਤੀ 22 ਅਗਸਤ 2014 ਅਤੇ ਸਰਕਾਰ ਦੇ ਪਿੱਠ ਅੰਕਣ ਨੰ: 9/6/2014-ਰਸ1/575, ਮਿਤੀ 19-6-2014 ਦੇ ਹਵਾਲੇ ਵਿੱਚ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ